**VIGILANCE BUREAU PUNJAB**

**Vigilance nabs ASI, Middle man for taking bribe**

Chandigarh, May 7: Punjab Vigilance Bureau, nabbed an Assistant Sub Inspector (ASI) posted at Anti Narcotics Cell, Jalandhar and a middle man red handed while accepting bribe of Rs 10,000.

Disclosing this here an official spokesperson of the Vigilance Bureau said ASI Sarbjeet Singh and his middle man 'Luddan' were nabbed red handed on the complaint of Suman Chauhan of New Gandhi Nagar, Jalandhar. The complainant has approached the VB and alleged that the accused ASI and his middle man were threatening her and demanding Rs 1 lakh for not implicating her in a drug case.

After verifying his information, the vigilance team laid a trap and the accused ASI and middle man were arrested on the spot while taking bribe of Rs. 10,000 of from the complainant in the presence of two official witnesses.

He informed that a case under Prevention of Corruption Act has been registered against both the accused at VB police station Jalandhar and further investigation was under progress.

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਤੇ ਵਿਚੌਲਾ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 7 ਮਈ: ਪੰਜਾਬ ਵਿਜੀਲੈਂਸ ਬਿਊਰੋ ਨੇ ਐਂਟੀ ਨਾਰਕੋਟਿਕਸ ਸੈਲ ਜਲੰਧਰ ਵਿਖੇ ਤਾਇਨਾਤ ਏ.ਐਸ.ਆਈ. ਸਰਬਜੀਤ ਸਿੰਘ ਅਤੇ ਉਸ ਦੇ ਵਿਚੋਲੇ ਲੁੱਡਨ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਤੇ ਵਿਚੋਲੇ ਨੂੰ ਸ਼ਿਕਾਇਤਕਰਤਾ ਸੁਮਨ ਚੌਹਾਨ ਵਾਸੀ ਨਿਊ ਗਾਂਧੀ ਨਗਰ, ਜਲੰਧਰ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਏ.ਐਸ.ਆਈ ਅਤੇ ਵਿਚੋਲੇ ਵਲੋਂ ਇਕ ਲੱਖ ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਪੈਸੇ ਨਾ ਦੇਣ ਬਦਲੇ ਉਸ ਖਿਲਾਫ਼ ਮੁਕੱਦਮਾ ਦਰਜ ਕਰ ਦਿੱਤਾ ਜਾਵੇਗਾ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਅਤੇ ਉਸ ਦੇ ਵਿਚੋਲੇ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਜਲੰਧਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

----